# ਪੀ ਏ ਯੂ, ਲੁਧਿਆਣਾ ਨੇ ਡੀ ਏ ਪੀ ਖਾਦ ਦੇ ਬਦਲਵੇਂ ਸਰੋਤਾਂ ਦੀ ਸਿਫ਼ਾਰਿਸ਼ ਕਿਸਾਨਾਂ ਨੂੰ ਕੀਤੀ

ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀ ਏ ਯੂ), ਲੁਧਿਆਣਾ ਦੇ ਭੂਮੀ ਵਿਗਿਆਨੀਆਂ ਨੇ ਆਉਂਦੀ ਕਣਕ ਦੀ ਫਸਲ ਲਈ ਡੀ ਏ ਪੀ ਦੇ ਬਦਲ ਵਜੋਂ ਹੋਰ ਫ਼ਾਸਫ਼ੋਰਸ ਤੱਤਾਂ ਵਾਲੀਆਂ ਖਾਦਾਂ ਨੂੰ ਬਦਲਵੇਂ ਸਰੋਤਾਂ ਵਜੋਂ ਵਰਤਣ ਦਾ ਸੁਝਾਅ ਦਿੱਤਾ ਹੈ।

ਪੀ ਏ ਯੂ ਦੇ ਭੂਮੀ ਵਿਗਿਆਨ ਵਿਭਾਗ ਦੇ ਮੁਖੀ ਧਨਵਿੰਦਰ ਸਿੰਘ ਨੇ ਕਿਹਾ ਕਿ ਡੀ ਏ ਪੀ ਸਭ ਤੋਂ ਵੱਧ ਫ਼ਾਸਫ਼ੋਰਸ  ਤੱਤ ਵਾਲੀ ਖਾਦ ਹੈ ਜੋ ਝੋਨੇ-ਕਣਕ ਫਸਲੀ ਚੱਕਰ ਵਿੱਚ ਵਰਤੀ ਜਾਂਦੀ ਹੈ। ਕਣਕ ਦੀ ਫਸਲ ਲਈ ਕਿਸਾਨ ਦੂਜੀਆਂ ਫ਼ਾਸਫ਼ੋਰਸ  ਤੱਤਾਂ ਵਾਲੀਆਂ ਖਾਦਾਂ ਨਾਲੋਂ ਡੀ ਏ ਪੀ ਨੂੰ ਤਰਜੀਹ ਦਿੰਦੇ ਹਨ। ਇਸਦਾ ਕਾਰਨ ਹੈ ਕਿ ਇਹ ਖਾਦ ਉੱਚ ਫ਼ਾਸਫ਼ੋਰਸ  (46%) ਮਾਤਰਾ ਵਾਲੀ ਹੈ ਅਤੇ ਬਿਜਾਈ ਸਮੇਂ ਕਣਕ ਦੀ ਨਾਈਟ੍ਰੋਜਨ ਦੀ ਜ਼ਰੂਰਤ ਨੂੰ ਵੀ ਪੂਰਾ ਕਰਦੀ ਹੈ। ਪਿਛਲੇ ਸਾਲਾਂ ਦੌਰਾਨ ਅਸਾਨੀ ਨਾਲ ਮਿਲਣ ਕਰਕੇ ਕਿਸਾਨਾਂ ਨੇ ਇਸਨੂੰ ਭਰਪੂਰ ਮਾਤਰਾ ਵਿਚ ਇਸਤੇਮਾਲ ਕੀਤਾ। ਮੌਜੂਦਾ ਸਮੇਂ ਡੀ ਏ ਪੀ ਖਾਦ ਦੇ ਕਈ ਬਦਲ ਹਨ ਜਿਨ੍ਹਾਂ ਨੂੰ ਫ਼ਾਸਫ਼ੋਰਸ  ਤੱਤ ਦੇ ਬਦਲਵੇਂ ਸਰੋਤ ਵਜੋਂ ਵਰਤਿਆ ਜਾ ਸਕਦਾ ਹੈ।

ਮਾਹਿਰਾਂ ਨੇ ਕਿਹਾ ਕਿ ਡੀ ਏ ਪੀ ਵਿਚ 46 ਫੀਸਦੀ ਫ਼ਾਸਫ਼ੋਰਸ  ਅਤੇ 18 ਫੀਸਦੀ ਨਾਈਟ੍ਰੋਜਨ ਹੁੰਦੀ ਹੈ। ਇਕ ਹੋਰ ਖਾਦ ਐੱਨ ਪੀ ਕੇ (12:32:16) ਵਿਚ 32 ਫੀਸਦੀ ਫ਼ਾਸਫ਼ੋਰਸ  ਅਤੇ 12 ਫੀਸਦ ਨਾਈਟ੍ਰੋਜਨ ਤੋਂ ਬਿਨਾਂ 16 ਫੀਸਦੀ ਪੋਟਾਸ਼ੀਅਮ ਦੀ ਮਾਤਰਾ ਪਾਈ ਜਾਂਦੀ ਹੈ। ਇਕ ਬੋਰਾ ਡੀ ਏ ਪੀ ਪਿੱਛੇ ਡੇਢ ਬੋਰਾ ਐੱਨ ਪੀ ਕੇ (12:32:16) ਦੀ ਵਰਤੋਂ ਕੀਤੀ ਜਾ ਸਕਦੀ ਹੈ। ਡੀ ਏ ਪੀ ਦੇ ਤੀਸਰੇ ਬਦਲ ਵਜੋਂ ਸਿੰਗਲ ਸੁਪਰ ਫਾਸਫੇਟ ਦੀ ਵਰਤੋਂ ਕੀਤੀ ਜਾ ਸਕਦੀ ਹੈ। ਸਿੰਗਲ ਸੁਪਰਫਾਸਫੇਟ ਵਿਚ 16 ਫੀਸਦੀ ਫ਼ਾਸਫ਼ੋਰਸ  ਤੱਤ ਮਿਲਦਾ ਹੈ ਅਤੇ ਇਸਦੇ ਤਿੰਨ ਬੋਰਿਆਂ ਨਾਲ ਫ਼ਾਸਫ਼ੋਰਸ ਤੱਤ ਦੀ ਪੂਰਤੀ ਤੋਂ ਬਿਨਾਂ 18 ਕਿੱਲੋ ਗੰਧਕ ਵੀ ਕਣਕ ਦੀ ਫਸਲ ਨੂੰ ਮਿਲ ਸਕਦੀ ਹੈ। ਮਾਹਿਰਾਂ ਨੇ ਕਿਹਾ ਕਿ ਟ੍ਰਿਪਲ ਸੁਪਰ ਫਾਸਫੇਟ ਨੂੰ ਬਜ਼ਾਰ ਵਿਚ ਨਵੀਂ ਖਾਦ ਵਜੋਂ ਵਰਤਿਆ ਜਾ ਸਕਦਾ ਹੈ ਇਸ ਵਿਚ ਡੀ ਏ ਪੀ ਦੇ ਬਰਾਬਰ 46 ਫੀਸਦੀ ਫ਼ਾਸਫ਼ੋਰਸ  ਤੱਤ ਦੀ ਮਾਤਰਾ ਮਿਲਦੀ ਹੈ। ਇਹ ਨਵੀਂ ਉੱਚ ਫ਼ਾਸਫ਼ੋਰਸ  ਖਾਦ ਹੈ ਅਤੇ ਕਿਸਾਨ ਪਹਿਲੀ ਵਾਰ ਇਸ ਦੀ ਵਰਤੋਂ ਕਰ ਰਹੇ ਹਨ।

ਮਾਹਿਰਾਂ ਨੇ ਕਿਹਾ ਕਿ ਐੱਨ ਪੀ ਕੇ (12:32:16) ਡੀ ਏ ਪੀ ਦਾ ਸਭ ਤੋਂ ਵਧੀਆ ਬਦਲ ਹੋ ਸਕਦਾ ਹੈ ਕਿਉਂਕਿ ਇਸਦਾ ਡੇਢ ਬੋਰਾ ਲਗਭਗ ਉਹੀ ਫ਼ਾਸਫ਼ੋਰਸ  ਅਤੇ ਨਾਈਟ੍ਰੋਜਨ ਸਮੱਗਰੀ ਦੀ ਸਪਲਾਈ ਕਰਦਾ ਹੈ ਜੋ ਡੀ ਏ ਪੀ ਦੇ ਬਰਾਬਰ ਹੈ ਅਤੇ ਇਸ ਤੋਂ ਇਲਾਵਾ ਇਹ 23 ਕਿਲੋਗ੍ਰਾਮ ਪੋਟਾਸ਼ ਵੀ ਦਿੰਦਾ ਹੈ। ਹੋਰ ਬਦਲਾਂ ਵਿਚ ਐੱਨ ਪੀ ਕੇ (10:26:26) ਜਾਂ ਹੋਰ ਖਾਦਾਂ ਦੀ ਵਰਤੋਂ ਵੀ ਕੀਤੀ ਜਾ ਸਕਦੀ ਹੈ। ਜੇਕਰ ਫ਼ਾਸਫ਼ੋਰਸ  ਤੱਤ ਲਈ ਸਿੰਗਲ ਸੁਪਰ ਫਾਸਫੇਟ ਜਾਂ ਟ੍ਰਿਪਲ ਸੁਪਰ ਫਾਸਫੇਟ ਖਾਦ ਦੀ ਵਰਤੋਂ ਕੀਤੀ ਜਾਂਦੀ ਹੈ ਤਾਂ ਬਿਜਾਈ ਵੇਲੇ 20 ਕਿੱਲੋ ਯੂਰੀਆ ਪ੍ਰਤੀ ਏਕੜ ਪਾਓ।